**Sri Guru Teg Bahadur Khalsa College, Sri Anandpur Sahib**
**YOUTH RED CROSS UNIT**

# A Blood Donation Camp

**Dated: 09.02.2026**

A Blood donation Camp was organised by Youth Red Cross Unit, Red Ribbon Club and NSS department of Sri Guru Teg Bahadur Khalsa College with the support of Blood Bank of Bhai Jaita ji Civil Hospital Sri Anandpur Sahib . Students and staff of the college participated in this camp. On this occasion, the principal of the college Dr. Jasvir Singh encouraged the students and distributing certificates. On this occasion, he said that the college organizes such blood donation camps to create awareness among the students. Dr. from Civil Hospital and blood bank incharges Rana Bakhtawar Singh rendered their valuable services to make the camp a success. On this occasion, 50 students of the college donated blood.On this occasion Dr. Amandeep Kaur, Prof.,Dr. Surinder Kumar, Prof. Dilsherbir Singh, Dr. Baljit Chana, Dr. Virpal Singh, Prof. Sukhwinder Singh,Dinesh Kumar, Prof.Ravinder Singh and Prof. Harpreet Kaur was also specially present.

## ਖਾਲਸਾ ਕਾਲਜ ਵਿਖੇ ਲਗਾਇਆ ਗਿਆ ਖ਼ੂਨਦਾਨ ਕੈਂਪ

**ਦੇਵ ਟਾਈਮਜ਼**

ਸ੍ਰੀ ਅਨੰਦਪੁਰ ਸਾਹਿਬ, 9 ਫਰਵਰੀ (ਬੀ ਐੱਸ ਚਾਨਾ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ ਅੱਜ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਕਾਲਜ ਦੇ ਵਿਦਿਆਰਥੀਆਂ ਨੇ ਵੱਧ ਚੜ ਕੇ ਹਿੱਸਾ ਲਿਆ। ਕਾਲਜ ਦੇ ਪ੍ਰਿੰਸੀਪਲ ਡਾ.ਜਸਵੀਰ ਸਿੰਘ ਦੀ ਅਗਵਾਈ ਵਿੱਚ ਐੱਨ.ਐੱਸ.ਐੱਸ. ਵਿਭਾਗ ਅਤੇ ਰੈੱਡ ਕ੍ਰਾਸ ਵੱਲੋਂ ਭਾਈ ਜੈਤਾ ਜੀ ਸਰਕਾਰੀ ਹਸਪਤਾਲ ਸ੍ਰੀ ਅਨੰਦਪੁਰ ਸਾਹਿਬ ਦੇ ਬਲੱਡ ਬੈਂਕ ਦੇ ਇੰਚਰਾਜ ਬਖਤਾਵਰ ਸਿੰਘ ਰਾਣਾ ਦੇ ਸਹਿਯੋਗ ਨਾਲ ਇਸ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਖ਼ੂਨਦਾਨ ਕੈਂਪ ਵਿੱਚ ਕਾਲਜ ਦੇ ਵੱਡੀ ਗਿਣਤੀ ਸਟਾਫ਼ ਅਤੇ ਵਿਦਿਆਰਥੀਆਂ ਨੇ ਖ਼ੂਨ ਦਾਨ ਕੀਤਾ।

ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ.



ਜਸਵੀਰ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਖ਼ੂਨਦਾਨ ਮਹਾਦਾਨ ਹੈ। ਅਜਿਹੇ ਕੈਂਪ ਨੌਜਵਾਨਾਂ ਨੂੰ ਸਮਾਜ ਸੇਵਾ ਨਾਲ ਜੋੜਦੇ ਹਨ ਅਤੇ ਉਨ੍ਹਾਂ ਦੇ ਚਰਿੱਤਰ ਨਿਰਮਾਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਕਿਹਾ ਕਿ ਕਿਸੇ ਵਿਅਕਤੀ ਵੱਲੋਂ ਕੀਤਾ ਗਿਆ ਖ਼ੂਨਦਾਨ ਕਿਸੇ ਦੀ ਕੀਮਤੀ ਜਾਨ ਬਚਾਉਣ ਵਿੱਚ ਮਦਦਗਾਰ ਸਾਬਤ ਹੋ ਸਕਦਾ ਹੈ।

ਇਸ ਮੌਕੇ ਇਤਿਹਾਸ ਵਿਭਾਗ ਦੇ ਮੁਖੀ ਡਾ. ਰਵਿੰਦਰ ਸਿੰਘ ਰੇਖੀ, ਕੰਪਿਊਟਰ ਸਾਇੰਸ ਵਿਭਾਗ ਦੇ ਮੁਖੀ ਡਾ. ਸੁਰਿੰਦਰ ਸ਼ਰਮਾ ਸਮੇਤ ਵੱਡੀ ਗਿਣਤੀ ਸਟਾਫ ਮੌਜੂਦ ਸੀ। ਇਸ ਕੈਂਪ ਦੇ ਸਫਲ ਆਯੋਜਨ ਵਿੱਚ ਐੱਨ.ਐੱਸ.ਐੱਸ. ਅਫ਼ਸਰ ਡਾ. ਅਮਨਦੀਪ ਕੌਰ, ਡਾ. ਵੀਰਪਾਲ ਸਿੰਘ ਤੇ ਰੈੱਡ ਕਰਾਸ ਤੇ ਰੈੱਡ ਰਿਬਨ ਕਲੱਬ ਦੇ ਇੰਚਾਰਜ ਪ੍ਰੋ. ਸੁਖਵਿੰਦਰ ਸਿੰਘ, ਪ੍ਰੋ. ਰਵਿੰਦਰ ਸਿੰਘ ਅਤੇ ਸਮੁੱਚੇ ਸਟਾਫ਼ ਨੇ ਅਹਿਮ ਭੂਮਿਕਾ ਨਿਭਾਈ। ਇਸਤੋਂ ਇਲਾਵਾ ਭਾਈ ਜੈਤਾ ਜੀ ਸਿਵਲ ਹਸਪਤਾਲ ਸ੍ਰੀ ਅਨੰਦਪੁਰ ਸਾਹਿਬ ਦੇ ਲੈਬ ਟੈਕਨੀਸ਼ੀਅਨ ਅਨੀਤਾ, ਰਾਧਨਾ , ਸੁਰਿੰਦਰਪਾਲ ਸਿੰਘ ਅਤੇ ਜਗਦੀਪ ਸਿੰਘ ਵੱਲੋਂ ਭਰਪੂਰ ਸਹਿਯੋਗ ਦਿੱਤਾ ਗਿਆ।